# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-12-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹੈ ਕਿ ਭਾਰਤ ਗ਼ਰੀਬੀ ਹਟਾਉਣ, ਭੁੱਖਮਰੀ ਮਿਟਾਉਣ ਅਤੇ ਨੌਜਵਾਨਾਂ ਨੂੰ ਬਰਾਬਰ ਮੌਕੇ ਮੁਹਈਆ ਕਰਵਾਉਣ ਦੀਆਂ ਨੀਤੀਆਂ ਨੂੰ ਲਾਗੂ ਕਰ ਕੇ ਦੁਨੀਆ ਦੇ ਸਾਹਮਣੇ ਸ਼ਾਨਦਾਰ ਮਿਸਾਲ ਵਜੋਂ ਖੜ੍ਹਾ ਹੈ। ਰਾਸ਼ਟਰਪਤੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿਚ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਕਰਵਾਏ ਮਨੁੱਖੀ ਅਧਿਕਾਰ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ, ਇਹ ਪ੍ਰਗਟਾਵਾ ਕੀਤਾ। ਰਾਸ਼ਟਰਪਤੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ, 5,000 ਸਾਲਾਂ ਤੋਂ ਵੱਧ ਪੁਰਾਣੀ ਸਭਿਆਚਾਰਕ ਵਿਰਾਸਤ ਦੇ ਨਾਲ, ਲੰਬੇ ਸਮੇਂ ਤੋਂ ਹਮਦਰਦੀ ਤੇ ਸਦਭਾਵਨਾ ਦੀਆਂ ਕਦਰਾਂ ਕੀਮਤਾਂ ਨੂੰ ਬਰਕਰਾਰ ਰੱਖਦਾ ਆਇਆ ਹੈ। ਰਾਸ਼ਟਰਪਤੀ ਮੁਰਮੂ ਨੇ ਅਵਾਜ਼ ਰਹਿਤ ਲੋਕਾਂ

ਦੀ ਆਵਾਜ਼ ਬਣਨ ਲਈ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ, ਨਿਆਂਪਾਲਿਕਾ ਅਤੇ ਪ੍ਰਮੁੱਖ ਹਿੱਸੇਦਾਰਾਂ ਸਮੇਤ ਹੋਰ ਕਮਿਸ਼ਨਾਂ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ ਏ। ਅੱਜ ਮਨੁੱਖੀ ਅਧਿਕਾਰ ਦਿਵਸ ਮਨਾਇਆ ਜਾ ਰਿਹਾ ਏ। ਮਨੁੱਖੀ ਅਧਿਕਾਰਾਂ ਬਾਰੇ ਸੰਯੁਕਤ ਰਾਸ਼ਟਰ ਦੇ ਐਲਾਨਨਾਮੇ ਦੀ ਯਾਦ ਵਿਚ, ਹਰ ਸਾਲ 10 ਦਸੰਬਰ ਨੂੰ ਇਹ ਦਿਵਸ ਮਨਾਇਆ ਜਾਂਦਾ ਏ। ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਨੇ 1948 ਵਿਚ ਮਨੁੱਖੀ ਅਧਿਕਾਰਾਂ ਦੇ ਕੌਮਾਂਤਰੀ ਐਲਾਨਨਾਮੇ ਨੂੰ ਅਪਣਾਇਆ ਤੇ ਲਾਗੂ ਕੀਤਾ ਸੀ। ਇਸ ਸਾਲ ਮਨੁੱਖੀ ਅਧਿਕਾਰ ਦਿਵਸ ਦਾ ਥੀਮ ਹੈ - ਸਾਡੇ ਅਧਿਕਾਰ, ਸਾਡਾ ਭਵਿੱਖ, ਹੁਣੇ। ਇਹ ਦਿਵਸ ਇਸ ਭਰੋਸੇ ਨੂੰ ਹੋਰ ਮਜਬੂਤ ਕਰਦਾ ਹੈ ਕਿ ਮਨੁੱਖੀ ਹਕ ਸਿਰਫ਼ ਇਕ ਖਾਹਿਸ਼ ਨਹੀਂ ਬਲਕਿ ਬਿਹਤਰ ਭਵਿੱਖ ਬਣਾਉਣ ਲਈ ਵਿਅਕਤੀਆਂ ਤੇ ਭਾਈਚਾਰਿਆਂ ਨੂੰ ਸ਼ਕਤੀ ਦੇਣ ਦਾ ਵਿਹਾਰਕ ਸਾਧਨ ਨੇ।

---------------------------------------------------------------

ਨਸ਼ਿਆਂ ਦੇ ਖਾਤਮੇ ਪ੍ਰਤੀ ਅਹਿਮ ਕਦਮ ਚੁੱਕਦਿਆਂ, ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ

ਚੰਚ ਕਟਾਰੀਆ ਨੇ, ਨਸ਼ਾ ਮੁਕਤ-ਰੰਗਲਾ ਪੰਜਾਬ ਅਭਿਆਨ ਤਹਿਤ ਨਸ਼ਿਆਂ ਖਿਲਾਫ਼ ਪੈਦਲ ਮਾਰਚ ਦੀ ਅਗਵਾਈ ਕੀਤੀ। ਰਾਜਪਾਲ ਗੁਲਾਬ ਚੰਚ ਕਟਾਰੀਆ ਨੇ ਅੱਜ ਇਤਿਹਾਸਕ ਪਿੰਡ ਬਿਆਸ ਤੋਂ ਮਹਾਨ ਦੌੜਾਕ ਸਰਦਾਰ ਫੌਜਾ ਸਿੰਘ ਦੇ ਨਾਲ ਪੈਦਲ ਮਾਰਚ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਅਤੇ ਉਨ੍ਹਾਂ ਦੇ ਨਾਲ ਪੈਦਲ ਤੁਰੇ। ਰਾਜਪਾਲ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ, ਸਾਨੂੰ ਸਾਰਿਆਂ ਨੂੰ ਇਸ ਮੁਹਿਮ ਨਾਲ ਜੁੜਨਾ ਚਾਹੀਦਾ ਏ। ਇੰਡੀਅਨ ਰੈੱਡ ਕਰਾਸ ਸੁਸਾਇਟੀ ਅਤੇ ਸੋਸ਼ਲ ਵਰਕਰ ਤੇ ਉੱਘੇ ਲੇਖਕ ਖੁਸ਼ਵੰਤ ਸਿੰਘ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਇਹ ਪੈਦਲ ਯਾਤਰਾ, ਲੋਕਾਂ ਨੂੰ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਲਈ ਲਾਮਬੰਦ ਕਰੇਗੀ। ਇਸਦਾ ਉਦੇਸ਼ ਨਸ਼ੇ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਏ। ਕੱਲ ਨੂੰ ਭਾਗੀਦਾਰ ਪਿੰਡ ਭੱਠੇ ਤੋਂ ਕਰਤਾਰਪੁਰ ਵਿਖੇ ਜੰਗ-ਏ-ਆਜ਼ਾਦੀ ਯਾਦਗਾਰ ਤੱਕ 7 ਕਿਲੋਮੀਟਰ ਦੀ ਪੈਦਲ ਯਾਤਰਾ ਕਰਨਗੇ। ਇਸ ਮੁਹਿੰਮ ਬਾਰੇ ਬੋਲਦਿਆਂ ਰਾਜਪਾਲ ਨੇ ਔਰਤਾਂ ਨੂੰ ਸਮਾਜ ਦੀ ਰੀੜ੍ਹ ਦੱਸਦਿਆਂ ਨਸ਼ਿਆਂ ਵਿਰੁੱਧ ਲੜਾਈ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ 'ਤੇ

ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਸਮਾਜ ਦੇ ਹਰੇਕ ਵਰਗ ਤੱਕ ਪਹੁੰਚ ਯਕੀਨੀ ਬਣਾਉਣ ਲਈ ਪੰਚਾਇਤਾਂ, ਆਂਗਣਵਾੜੀ ਵਰਕਰਾਂ, ਸਕੂਲਾਂ ਅਤੇ ਸਵੈ-ਸਹਾਇਤਾ ਸਮੂਹਾਂ ਦਾ ਅਹਿਮ ਯੋਗਦਾਨ ਏ , ਕਿਉਂਕਿ ਸਮੂਹਿਕ ਯਤਨਾਂ ਨਾਲ ਹੀ ਨਸ਼ਿਆਂ ਨੂੰ ਠੱਲ੍ਹ ਪਾਈ ਜਾ ਸਕਦੀ ਏ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਜਿੱਥੇ ਵਿਦਿਅਕ ਸੰਸਥਾਵਾਂ ਵੱਲੋਂ ਜਾਗਰੂਕਤਾ ਪ੍ਰੋਗਰਾਮ ਕੀਤੇ ਜਾਣਗੇ, ਉੱਥੇ ਖੇਡ ਸੰਗਠਨ ਨੌਜਵਾਨਾਂ ਨੂੰ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਲਈ ਉਤਸ਼ਾਹਿਤ ਕਰਨਗੇ। ਉਨ੍ਹਾਂ ਲੋਕਾਂ ਨੂੰ ਇਸ ਲਹਿਰ ਵਿੱਚ ਸ਼ਾਮਲ ਹੋਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ, ਨਸ਼ਾ ਮੁਕਤ ਭਵਿੱਖ ਦੇ ਨਿਰਮਾਣ ਦੀ ਦਿਸ਼ਾ ਵਿੱਚ ਸਮੂਹਿਕ ਤੌਰ ’ਤੇ ਅੱਗੇ ਆਉਣ ਦਾ ਸੱਦਾ ਦਿੱਤਾ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਏ ਕਿ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ 25, 26 ਤੇ 27 ਦਸੰਬਰ ਨੂੰ ਹੋਣ ਵਾਲੀ ਸ਼ਹੀਦੀ ਸਭਾ ਲਈ, **ਪੁਖਤਾ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾਵੇ।** ਸ਼ਹੀਦੀ ਸਭਾ ਦੇ ਪ੍ਰਬੰਧਾਂ ਦਾ ਜਾਇਜਾ

ਲੈਣ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਨੂੰ ਜਾਂਦੀ ਹਰ ਸੜਕ ‘ਤੇ ਹੈਲਪਲਾਈਨ ਸੈਂਟਰ ਸਥਾਪਤ ਕੀਤਾ ਜਾਵੇ। ਉਨਾਂ ਨੇ ਅਧਿਕਾਰੀਆਂ ਨੂੰ ਕਿਹੈ ਕਿ ਸ੍ਰੀ ਫਤਹਿਗੜ੍ਹ ਸਾਹਿਬ ਦੀ ਹਰ ਥਾਂ ਨੂੰ ਸੀ.ਸੀ.ਟੀ.ਵੀ. ਕੈਮਰਿਆਂ ਦੇ ਘੇਰੇ ਵਿਚ ਲਿਆਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਕਿਸੇ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਪਵਿਤਰ ਧਰਤੀ ‘ਤੇ ਮਾਤਾ ਗੁਜਰੀ ਜੀ, ਸਾਹਿਬਜਾਦਾ ਬਾਬਾ ਜੋਰਾਵਰ ਸਿੰਘ ਅਤੇ ਸਾਹਿਬਜਾਦਾ ਬਾਬਾ ਫਤਹਿ ਸਿੰਘ ਦੀ ਸ਼ਹਾਦਤ ਨੇ ਪੰਜਾਬੀਆਂ ਨੂੰ ਬੇਇਨਸਾਫ਼ੀ, ਤਸ਼ੱਦਦ ਅਤੇ ਜੁਲਮ ਵਿਰੁੱਧ ਲੜਨ ਲਈ ਪ੍ਰੇਰਿਆ ਏ।

---------------------------------------------------------------

ਬਰਨਾਲਾ ਸਿਹਤ ਵਿਭਾਗ ਵੱਲੋਂ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ  ਦੇ ਦਿਸ਼ਾ ਨਿਰਦੇਸ਼ਾਂ ਤਹਿਤ ਟੀ ਬੀ ਦੇ ਸ਼ੱਕੀ ਮਰੀਜ਼ਾਂ ਦੀ ਜਲਦੀ ਪਹਿਚਾਣ ਲਈ, 7 ਦਸੰਬਰ ਤੋਂ ਰਾਸ਼ਟਰ ਵਿਆਪੀ 100 ਦਿਨਾਂ ਟੀ.ਬੀ ਮੁਹਿੰਮ ਤਹਿਤ  ਆਸ਼ਾ ਵਰਕਰਾਂ ਵੱਲੋਂ ਘਰ-ਘਰ ਜਾਣ ਦੀ ਸ਼ੁਰੂਆਤ

ਕੀਤੀ ਗਈ ਏ , ਤਾਂ ਜੋ ਤਪਦਿਕ ਦੇ ਮਰੀਜ਼ਾਂ ਦੀ ਜਲਦੀ ਪਹਿਚਾਣ ਅਤੇ ਜਲਦੀ ਇਲਾਜ ਕਰਕੇ ਇਸ ਬਿਮਾਰੀ 'ਤੇ ਛੇਤੀ ਕੰਟਰੋਲ ਕੀਤਾ ਜਾ ਸਕੇ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਬਲਦੇਵ ਸਿੰਘ ਵੱਲੋਂ ਟੀ ਬੀ ਮੋਬਾਇਲ ਮੈਡੀਕਲ ਯੂਨਿਟ ਨੂੰ ਝੰਡੀ ਦੇ ਕੇ ਰਵਾਨਾ ਕਰਨ ਸਮੇਂ ਕੀਤਾ ਗਿਆ। ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਸਿਹਤ ਵਿਭਾਗ ਵੱਲੋਂ ਤਪਦਿਕ ਦੀ ਬਿਮਾਰੀ ਲਈ ਸਨਾਖਤ ਕਰ ਰਹੀਆਂ ਟੀਮਾਂ ਨੂੰ ਸਹਿਯੋਗ ਦੇਣ ਲਈ ਅਪੀਲ ਕੀਤੀ। ਸੀਨੀਅਰ ਮੈਡੀਕਲ ਅਫ਼ਸਰ ਡਾ. ਤਪਿੰਦਰਜੋਤ ਕੌਸ਼ਲ ਨੇ ਦੱਸਿਆ ਕਿ ਸਿਵਲ ਹਸਪਤਾਲ ਬਰਨਾਲਾ ਵਿਖੇ ਤਪਦਿਕ ਦੇ ਸ਼ੱਕੀ ਮਰੀਜਾਂ ਦੀ ਜਾਂਚ,ਡਾਕਟਰੀ ਸਲਾਹ ਅਤੇ ਇਲਾਜ ਬਿਲਕੁੱਲ ਮੁਫ਼ਤ ਕੀਤੇ ਜਾਂਦੇ ਨੇ । ਡਾ. ਮੋਨਿਕਾ ਬਾਂਸਲ ਨੇ ਦੱਸਿਆ ਕਿ ਟੀ.ਬੀ ਦਾ ਇਲਾਜ ਸੰਭਵ ਏ । ਇਸ ਮੁਹਿੰਮ ਤਹਿਤ ਮੋਬਾਇਲ ਵੈਨ ਵਲੋਂ ਸ਼ੱਕੀ ਮਰੀਜ਼ਾਂ ਦੇ ਐਕਸ-ਰੇ ਅਤੇ ਬਲਗਮ ਦੀ ਜਾਂਚ ਘਰ-ਘਰ ਜਾ ਕੇ ਮੁਫ਼ਤ ਵਿੱਚ ਕੀਤੀ ਜਾਵੇਗੀ।

---------------------------------------------------

ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਦਿਵਸ ਮੌਕੇ

ਹੁਸ਼ਿਆਰਪੁਰ ਸਿਹਤ ਵਿਭਾਗ ਵੱਲੋਂ ਸਿਹਤ ਸੰਸਥਾਵਾਂ ਵਿੱਚ ਗਰਭਵਤੀਆਂ ਦੀ ਜਾਂਚ ਲਈ ਅੱਜ ਜਿਲੇ ਭਰ ਵਿੱਚ ਵਿਸ਼ੇਸ਼ ਜਾਂਚ ਕੈਂਪ ਲਗਾਏ ਗਏ।ਸਿਵਲ ਹਸਪਤਾਲ ਹੁਸ਼ਿਆਰਪੁਰ, ਦਸੂਹਾ, ਮੁਕੇਰੀਆਂ, ਗੜ੍ਹਸ਼ੰਕਰ ਵਿਖੇ ਲਗਾਏ ਇਹਨਾਂ ਕੈਂਪਾਂ ਦੌਰਾਨ ਗਰਭਵਤੀ ਔਰਤਾਂ ਦੇ ਸਾਰੇ ਟੈਸਟ ਮੁਫਤ ਕੀਤੇ ਗਏ। ਸਿਵਲ ਸਰਜਨ ਡਾ. ਪਵਨ ਕੁਮਾਰ ਸ਼ਗੋਤਰਾ  ਨੇ ਦੱਸਿਆ ਕਿ ਜੇਕਰ ਗਰਭਵਤੀ ਔਰਤ ਦੇ ਗਰਭ ਦੌਰਾਨ ਸਮੇ ਸਮੇਂ ਸਿਰ ਜਾਂਚ ਹੁੰਦੀ ਰਹੇ ਤਾਂ ਉਸ ਦਾ ਜਣੇਪਾ ਸੁਰੱਖਿਅਤ ਅਤੇ ਸੌਖਾ ਹੋ ਜਾਂਦਾ ਏ । ਇਸ ਲਈ ਸਾਰੀਆਂ ਗਰਭਵਤੀ ਔਰਤਾਂ ਨੂੰ ਜਣੇਪੇ ਦੌਰਾਨ ਆਪਣੇ ਸਾਰੇ ਚੇਕਅੱਪ ਅਤੇ ਡਾਕਟਰ ਵਲੋਂ ਦੱਸੇ ਗਏ ਸਾਰੇ ਟੈਸਟ ਸਮੇਂ ਸਿਰ ਜਰੂਰ ਕਰਵਾਉਣੇ ਚਾਹੀਦੇ ਨੇ ਤਾਂ ਜੋ ਖਤਰੇ ਦੇ ਚਿੰਨਾਂ ਵਾਲੀਆਂ ਗਰਭਵਤੀ ਔਰਤਾਂ ਦੀ ਪਛਾਣ ਹੋ ਸਕੇ ਅਤੇ ਸਮਾਂ ਰਹਿੰਦੇ ਉਹਨਾਂ ਦਾ ਇਲਾਜ਼ ਹੋ ਸਕੇ।

------------------------------------------------------------

ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਕੰਮ ਕਰ ਰਹੀਆਂ ਗੈਰ-ਸਰਕਾਰੀ ਸੰਸਥਾਵਾਂ, ਸੁੱਰਖਿਆ ਅਤੇ ਸੰਭਾਲ ਲਈ ਲੋੜਵੰਦ

ਬੱਚਿਆਂ ਨੂੰ ਮੁਫ਼ਤ ਰਿਹਾਇਸ਼, ਖਾਣਾ, ਪੜ੍ਹਾਈ, ਮੈਡੀਕਲ ਸਹੂਲਤ ਮੁੱਹਈਆ ਕਰਵਾ ਰਹੀਆਂ ਨੇ  ਦਾ 'ਜੁਵੇਨਾਇਲ ਜਸਟਿਸ ਐਕਟ' ਤਹਿਤ ਰਜਿਸਟਰਡ ਹੋਣਾ ਲਾਜ਼ਮੀ ਏ । ਮੋਹਾਲੀ ਦੀ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ, ਨਵਪ੍ਰੀਤ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਜੇਕਰ ਅਜਿਹੀ ਕੋਈ ਸੰਸਥਾ ਅਜੇ ਤੱਕ ਰਜਿਸਟਰਡ ਨਹੀਂ ਹੋਈ , ਤਾਂ ਉਹ 12 ਦਸੰਬਰ  ਤੋਂ ਪਹਿਲਾਂ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ  ਵਿਖੇ ਆਪਣਾ ਬੇਨਤੀ ਪੱਤਰ ਜਮ੍ਹਾਂ ਕਰਵਾ ਸਕਦੇ ਨੇ ।